ਸੋਰਠਿ ਮਹਲਾ ੪ ਚਉਥਾ ॥ ਆਪੇ ਅੰਡਜ ਜੇਰਜ ਸੇਤਜ ਉਤਭੁਜ ਆਪੇ ਖੰਡ ਆਪੇ ਸਭ ਲੋਇ ॥ ਆਪੇ ਸੂਤੁ ਆਪੇ ਬਹੁ ਮਣੀਆ ਕਰਿ ਸਕਤੀ ਜਗਤੁ ਪਰੋਇ ॥ ਆਪੇ ਹੀ ਸੂਤਧਾਰੁ ਹੈ ਪਿਆਰਾ ਸੂਤੁ ਖਿੰਚੇ ਢਹਿ ਢੇਰੀ ਹੋਇ ॥ ੧॥ ਮੇਰੇ ਮਨ ਮੈ ਹਰਿ ਬਿਨੁ ਅਵਰੁ ਨ ਕੋਇ ॥ ਸਤਿਗੁਰ ਵਿਚਿ ਨਾਮੁ ਨਿਧਾਨੁ ਹੈ ਪਿਆਰਾ ਕਰਿ ਦਇਆ ਅੰਮ੍ਰਿਤੁ ਮੁਖਿ ਚੋਇ ॥ ਰਹਾਉ ॥ ਆਪੇ ਜਲ ਥਲਿ ਸਭਤੁ ਹੈ ਪਿਆਰਾ ਪ੍ਰਭੁ ਆਪੇ ਕਰੇ ਸੁ ਹੋਇ ॥ ਸਭਨਾ ਰਿਜਕੁ ਸਮਾਹਦਾ ਪਿਆਰਾ ਦੂਜਾ ਅਵਰੁ ਨ ਕੋਇ ॥ ਆਪੇ ਖੇਲ ਖੇਲਾਇਦਾ ਪਿਆਰਾ ਆਪੇ ਕਰੇ ਸੁ ਹੋਇ ॥ ੨॥ ਆਪੇ ਹੀ ਆਪਿ ਨਿਰਮਲਾ ਪਿਆਰਾ ਆਪੇ ਨਿਰਮਲ ਸੋਇ ॥ ਆਪੇ ਕੀਮਤਿ ਪਾਇਦਾ ਪਿਆਰਾ ਆਪੇ ਕਰੇ ਸੁ ਹੋਇ ॥ ਆਪੇ ਅਲਖੁ ਨ ਲਖੀਐ ਪਿਆਰਾ ਆਪਿ ਲਖਾਵੈ ਸੋਇ ॥੩॥ ਆਪੇ ਗਹਿਰ ਗੰਭੀਰੁ ਹੈ ਪਿਆਰਾ ਤਿਸੁ ਜੇਵਡੁ ਅਵਰੁ ਨ ਕੋਇ ॥ ਸਭਿ ਘਟ ਆਪੇ ਭੋਗਵੈ ਪਿਆਰਾ ਵਿਚਿ ਨਾਰੀ ਪੁਰਖ ਸਭੁ ਸੋਇ ॥ ਨਾਨਕ ਗੁਪਤੁ ਵਰਤਦਾ ਪਿਆਰਾ ਗੁਰਮੁਖਿ ਪਰਗਟੁ ਹੋਇ ॥੪॥੨॥ {ਪੰਨਾ 604-605}

ਨੋਟ:- ਅੰਕ 4 ਨੂੰ 'ਚਉਥਾ' ਪੜ੍ਹਨਾ ਹੈ। ਇਹ ਹਦਾਇਤ ਵੰਨਗੀ ਵਜੋਂ ਹੈ। ਲਫ਼ਜ਼ 'ਮਹਲਾ' ਦੇ ਨਾਲ ਅੰਕ 1, 2, 3, 4 ਆਦਿਕ ਨੂੰ ਹਰ ਥਾਂ ਪਹਿਲਾ, ਦੂਜਾ, ਤੀਜਾ, ਚੌਥਾ ਆਦਿਕ ਪੜ੍ਹਨਾ ਹੈ। ਇਸ ਦਾ ਭਾਵ ਹੈ—ਗੁਰੂ ਨਾਨਕ ਪਹਿਲਾ ਸਰੀਰ, ਦੂਜਾ ਸਰੀਰ, ਤੀਜਾ ਸਰੀਰ, ਚੌਥਾ ਸਰੀਰ ਆਦਿਕ।

ਪਦਅਰਥ:- ਆਪੇ—ਆਪ ਹੀ। ਅੰਡਜ—ਆਂਡੇ ਤੋਂ ਪੈਦਾ ਹੋਣ ਵਾਲੀ ਸ਼੍ਰੇਣੀ। ਜੇਰਜ—ਜਿਉਰ ਤੋਂ ਪੈਦਾ ਹੋਣ ਵਾਲੀ। ਸੇਤਜ—ਸ੍ਵੇਤ (ਮੁੜ੍ਹਕੇ) ਤੋਂ ਪੈਦਾ ਹੋਣ ਵਾਲੀ। ਉਤਭੁਜ—ਉੱਗਣ ਵਾਲੀ (ਬਨਸਪਤੀ)। ਖੰਡ—ਧਰਤੀ ਦੇ ਹਿੱਸੇ। ਲੋਇ—ਲੋਕ, ਭਵਨ। ਸੂਤੁ—ਧਾਗਾ। ਮਣੀਆ—ਮਣਕੇ (ਜੀਵ)। ਕਰਿ—ਕਰ ਕੇ। ਸਕਤੀ—ਤਾਕਤ। ਪਰੋਇ—ਪ੍ਰੋਂਦਾ ਹੈ। ਸੂਤਧਾਰੁ—ਧਾਗੇ ਨੂੰ ਆਪਣੇ ਹੱਥ ਵਿਚ ਫੜੀ ਰੱਖਣ ਵਾਲਾ। ਖਿੰਚੇ—ਖਿੱਚਦਾ ਹੈ। ਢਹਿ—ਢਹਿ ਕੇ।1।

ਨਿਧਾਨੁ—ਖ਼ਜ਼ਾਨਾ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ। ਮੁਖਿ—ਮੂੰਹ ਵਿਚ। ਚੋਇ—ਚੋਂਦਾ ਹੈ। ਰਹਾਉ।

ਜਲ ਥਲਿ—ਜਲ ਵਿਚ ਥਲ ਵਿਚ। ਸਭਤੁ—ਹਰ ਥਾਂ। ਸਮਾਹਦਾ—ਅਪੜਾਂਦਾ ਹੈ।2।

ਗੰਭੀਰੁ—ਡੂੰਘੇ ਜਿਗਰੇ ਵਾਲਾ। ਤਿਸੁ ਜੇਵਡੁ—ਉਸ ਜਿਤਨਾ ਵੱਡਾ। ਸਭਿ—ਸਾਰੇ। ਗੁਰਮੁਖਿ—ਗੁਰੂ ਦੀ ਰਾਹੀਂ।4।

ਅਰਥ:- ਹੇ ਮੇਰੇ ਮਨ! ਮੈਨੂੰ ਪਰਮਾਤਮਾ ਤੋਂ ਬਿਨਾ (ਕਿਤੇ ਭੀ) ਕੋਈ ਹੋਰ ਨਹੀਂ ਦਿੱਸਦਾ। ਉਸ ਪਰਮਾਤਮਾ ਦਾ ਨਾਮ-ਖ਼ਜ਼ਾਨਾ ਗੁਰੂ ਵਿਚ ਮੌਜੂਦ ਹੈ। ਗੁਰੂ ਮੇਹਰ ਕਰ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਸਿੱਖ ਦੇ) ਮੂੰਹ ਵਿਚ ਚੋਂਦਾ ਹੈ। ਰਹਾਉ।

ਹੇ ਭਾਈ! ਪ੍ਰਭੂ ਆਪ ਹੀ (ਚਾਰੇ ਖਾਣੀਆਂ) ਅੰਡਜ ਜੇਰਜ ਸੇਤਜ ਉਤਭੁਜ ਹੈ, ਪ੍ਰਭੂ ਆਪ ਹੀ (ਧਰਤੀ ਦੇ ਨੌਂ) ਖੰਡ ਹੈ, ਪ੍ਰਭੂ ਆਪ ਹੀ (ਸ੍ਰਿਸ਼ਟੀ ਦੇ) ਸਾਰੇ ਭਵਨ ਹੈ। ਪ੍ਰਭੂ ਆਪ ਹੀ (ਸੱਤਿਆ-ਰੂਪ) ਧਾਗਾ ਹੈ, ਪ੍ਰਭੂ ਆਪ (ਬੇਅੰਤ ਜੀਵ ਰੂਪ) ਅਨੇਕਾਂ ਮਣਕੇ ਹੈ, ਪ੍ਰਭੂ ਆਪ ਹੀ ਆਪਣੀ ਤਾਕਤ ਬਣਾ ਕੇ ਜਗਤ ਨੂੰ (ਧਾਗੇ ਵਿਚ) ਪ੍ਰੋਂਦਾ ਹੈ। ਪ੍ਰਭੂ ਆਪ ਹੀ ਧਾਗੇ ਨੂੰ ਆਪਣੇ ਹੱਥ ਵਿਚ ਫੜ ਰੱਖਣ ਵਾਲਾ ਹੈ। ਜਦੋਂ ਉਹ (ਜਗਤ ਵਿਚੋਂ) ਧਾਗੇ ਨੂੰ ਖਿੱਚ ਲੈਂਦਾ ਹੈ, ਤਦੋਂ (ਜਗਤ) ਢਹਿ ਕੇ ਢੇਰੀ ਹੋ ਜਾਂਦਾ ਹੈ (ਜਗਤ-ਰਚਨਾ ਮੁੱਕ ਜਾਂਦੀ ਹੈ)।1।

ਹੇ ਭਾਈ! ਪ੍ਰਭੂ ਆਪ ਹੀ ਪਾਣੀ ਵਿਚ ਧਰਤੀ ਵਿਚ ਹਰ ਥਾਂ ਮੌਜੂਦ ਹੈ। ਪ੍ਰਭੂ ਆਪ ਹੀ ਜੋ ਕੁਝ ਕਰਦਾ ਹੈ ਉਹ

(ਜਗਤ ਵਿਚ) ਵਾਪਰਦਾ ਹੈ। ਪ੍ਰਭੂ ਆਪ ਹੀ ਸਭ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ (ਰਿਜ਼ਕ ਅਪੜਾਣ ਵਾਲਾ) ਉਸ ਤੋਂ ਬਿਨਾ ਕੋਈ ਹੋਰ ਨਹੀਂ ਹੈ। ਪ੍ਰਭੂ ਆਪ ਹੀ (ਜਗਤ ਦੇ ਸਾਰੇ) ਖੇਡ ਖਿਡਾ ਰਿਹਾ ਹੈ, ਉਹ ਆਪ ਹੀ ਜੋ ਕੁਝ ਕਰਦਾ ਹੈ ਉਹੀ ਹੁੰਦਾ ਹੈ।2।

ਹੇ ਭਾਈ! ਪਵਿਤ੍ਰ ਪ੍ਰਭੂ (ਹਰ ਥਾਂ) ਆਪ ਹੀ ਆਪ ਹੈ, ਉਹ ਆਪ ਹੀ ਪਵਿਤ੍ਰ ਸੋਭਾ ਦਾ ਮਾਲਕ ਹੈ। ਪ੍ਰਭੂ ਆਪ ਹੀ ਆਪਣਾ ਮੁੱਲ ਪਾ ਸਕਣ ਵਾਲਾ ਹੈ, ਜੋ ਕੁਝ ਉਹ ਆਪ ਹੀ ਕਰਦਾ ਹੈ ਉਹੀ ਹੁੰਦਾ ਹੈ। ਪ੍ਰਭੂ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਅਦ੍ਰਿਸ਼ਟ ਹੈ। ਆਪਣੇ ਸਰੂਪ ਦੀ ਸਮਝ ਉਹ ਆਪ ਹੀ ਦੇਣ ਵਾਲਾ ਹੈ।3।

ਹੇ ਭਾਈ! ਪ੍ਰਭੂ ਹੀ (ਮਾਨੋ, ਇਕ) ਬੇਅੰਤ ਡੂੰਘਾ (ਸਮੁੰਦਰ) ਹੈ। ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ। ਸਾਰੇ ਜੀਵਾਂ ਵਿਚ ਵਿਆਪਕ ਹੋ ਕੇ ਆਪ ਹੀ ਸਾਰੇ ਭੋਗ ਭੋਗਦਾ ਹੈ, ਹਰੇਕ ਇਸਤ੍ਰੀ ਪੁਰਖ ਵਿਚ ਹਰ ਥਾਂ ਉਹ ਆਪ ਹੀ ਆਪ ਹੈ। ਹੇ ਨਾਨਕ! ਉਹ ਪ੍ਰਭੂ ਸਾਰੇ ਜਗਤ ਵਿਚ ਲੁਕਿਆ ਹੋਇਆ ਮੌਜੂਦ ਹੈ। ਗੁਰੂ ਦੀ ਸਰਨ ਪਿਆਂ ਉਸ ਦੀ ਸਰਬ-ਵਿਆਪਕਤਾ ਦਾ ਪਰਕਾਸ਼ ਹੁੰਦਾ ਹੈ।4।2।